# ਵਰਲਡ ਪੰਜਾਬੀ ਟਾਈਮਜ਼
# WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ  ਸਹਿ ਸੰਪਾਦਕ: ਨਵਜੋਤ ਬਿਲਿੰਗ  ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ  ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ




## ਪ੍ਰੈੱਸ ਕਲੱਬ ਬਠਿੰਡਾ ਦਿਹਾਤੀ (ਰਜਿ :)ਦੀ ਹੋਈ ਮਹੀਨੇਵਾਰ ਮੀਟਿੰਗ

### ਸਾਉਣ ਮਹੀਨੇ ਵਿੱਚ ਸਾਂਝੀਆਂ ਥਾਵਾਂ 'ਤੇ ਛਾਂਦਾਰ ਅਤੇ ਫਲਦਾਰ ਬੂਟੇ ਲਾਉਣ ਦੇ ਮਤੇ ਸਮੇਤ ਵਿਚਾਰੇ ਗਏ ਕਈ ਅਹਿਮ ਮੁੱਦੇ

ਵਰਲਡ ਪੰਜਾਬੀ ਟਾਈਮਜ਼ ਗੁਰਪ੍ਰੀਤ ਚਹਿਲ



ਬਠਿੰਡਾ 12 ਜੁਲਾਈ : ਪ੍ਰੈੱਸ ਕਲੱਬ ਬਠਿੰਡਾ ਦਿਹਾਤੀ( ਰਜਿ:)ਦੀ ਮਹੀਨੇਵਾਰ ਮੀਟਿੰਗ ਟੀਚਰ ਹੋਮ ਬਠਿੰਡਾ ਵਿਖੇ ਕਲੱਬ ਦੇ ਪ੍ਰਧਾਨ ਗੁਰਜੀਤ ਚੌਹਾਨ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸਮੂਹ ਅਹੁਦੇਦਾਰ ਸਾਹਿਬਾਨਾਂ ਵੱਲੋਂ ਆਪਣੇ ਆਪਣੇ ਸੁਝਾਅ ਅਤੇ ਮਸਲਿਆਂ ਬਾਰੇ ਵਿਚਾਰ ਦਿੱਤੇ। ਮੀਟਿੰਗ ਦੀ ਸ਼ੁਰੂਆਤ ਸੀਨੀਅਰ ਪੱਤਰਕਾਰ ਬਲਜਿੰਦਰ ਸਿੰਘ ਕੋਟਭਾਰਾ ਨੇ ਕੀਤੀ। ਇਸ ਮੌਕੇ ਸਭ ਤੋਂ ਪਹਿਲਾਂ ਮਤਾ ਲਿਆਂਦਾ ਗਿਆ ਕਿ ਪ੍ਰੈੱਸ ਕਲੱਬ ਬਠਿੰਡਾ ਦਿਹਾਤੀ ਦੇ ਦਫਤਰ ਖੋਲ੍ਹਣ ਦੇ ਲਈ ਡਿਪਟੀ ਕਮਿਸ਼ਨਰ ਬਠਿੰਡਾ ਨਾਲ ਕਲੱਬ ਦਾ ਵਫਦ ਮੀਟਿੰਗ ਕਰੇਗਾ। ਦੂਜੇ ਮਤੇ ਮੁਤਾਬਕ ਕਲੱਬ ਵੱਲੋਂ ਹਰ ਸਾਲ ਦੀ ਤਰ੍ਹਾਂ ਸਾਉਣ ਮਹੀਨੇ ਦੇ ਵਿੱਚ ਸਾਂਝੀਆਂ ਥਾਵਾਂ ਤੇ ਤ੍ਰਿਵੈਣੀਆਂ ਅਤੇ ਵੱਖ-ਵੱਖ ਤਰ੍ਹਾਂ ਦੇ ਛਾਂਦਾਰ ਤੇ ਫ਼ਲਦਾਰ ਬੂਟੇ ਲਾਏ ਜਾਣਗੇ।ਇਸ ਮੌਕੇ ਕਲੱਬ ਪ੍ਰਧਾਨ ਗੁਰਜੀਤ ਚੌਹਾਨ ਨੇ ਕਿਹਾ ਕਿ ਲਗਾਤਾਰ ਵਿਗੜ ਰਹੇ ਵਾਤਾਵਰਨ ਨੂੰ ਬਚਾਉਣ ਦੇ ਲਈ ਜਿੰਨੇ ਜਰੂਰੀ ਰੁੱਖ ਲਾਉਣੇ ਹਨ ਉਸਤੋਂ ਵੀ ਜਿਆਦਾ ਉਨ੍ਹਾਂ ਦੀ ਸਾਂਭ ਸੰਭਾਲ ਜਰੂਰੀ ਹੈ ।ਇਸੇ ਤਹਿਤ ਹੀ ਕਲੱਬ ਵੱਲੋਂ ਉਪ੍ਰੋਕਤ ਉਪਰਾਲਾ ਕੀਤਾ ਜਾਵੇਗਾ।ਇਸ ਮੌਕੇ ਪੱਤਰਕਾਰ ਗੁਰਬਾਜ ਸਿੰਘ ਗਿੱਲ ਨੂੰ ਕਲੱਬ ਵਿੱਚ ਮੈਂਬਰ ਵਜੋਂ ਸ਼ਾਮਿਲ ਕੀਤਾ ਗਿਆ। ਸਮੂਹ ਅਹੁਦੇਦਾਰ ਸਾਹਿਬਾਨਾਂ ਵੱਲੋਂ ਗੁਰਬਾਜ ਸਿੰਘ ਗਿੱਲ ਨੂੰ ਜੀਓ ਆਇਆ ਨੂੰ ਆਖਿਆ ਗਿਆ।ਇਸ ਮੌਕੇ ਕਲੱਬ ਦੇ ਮੈਂਬਰ ਮੈਡਮ ਮਨਰਾਜ ਕੌਰ ਮਾਹੀ ਦੇ ਭੂਆ ਦੇ ਲੜਕੇ ਦੀ ਬੇਵਕਤੀ ਮੌਤ ਤੇ 2 ਮਿੰਟ ਦਾ ਮੌਨ ਧਾਰਿਆ ਗਿਆ ਅਤੇ ਸ਼ੋਕ ਮਤਾ ਵੀ ਲਿਆਂਦਾ ਗਿਆ। ਇਸ ਮੌਕੇ ਕਲੱਬ ਦੇ ਸਰਪ੍ਰਸਤ ਜਸਕਰਨ ਸਿੰਘ ਸਿਵੀਆਂ ਵੱਲੋਂ ਵੀ ਲਿਆਂਦੇ ਗਏ ਮਤਿਆਂ ਤੇ ਦ੍ਰਿੜਤਾ ਨਾਲ ਪਹਿਰਾ ਦੇਣ ਦੀ ਗੱਲ ਕਹੀ ਗਈ। ਇਸ ਮੌਕੇ ਕਲੱਬ ਪ੍ਰਧਾਨ ਗੁਰਜੀਤ ਚੌਹਾਨ, ਜਨਰਲ ਸਕੱਤਰ ਸੁਰਿੰਦਰ ਪਾਲ ਸਿੰਘ ਬੱਲ੍ਹੂਆਣਾ, ਸੀਨੀਅਰ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਚਹਿਲ, ਖਜਾਨਚੀ ਨਸੀਬ ਚੰਦ ਸ਼ਰਮਾ ਬਾਲਿਆਂਵਾਲੀ, ਸੀਨੀਅਰ ਪੱਤਰਕਾਰ ਸੱਤਪਾਲ ਮਾਨ, ਪੱਤਰਕਾਰ ਜਸਵੀਰ ਸਿੰਘ ਕਟਾਰ ਸਿੰਘ ਵਾਲਾ, ਪੱਤਰਕਾਰ ਸੁਖਵਿੰਦਰ ਸਿੰਘ ਸਰਾਂ, ਪੱਤਰਕਾਰ ਜਸ਼ਨਜੀਤ ਸਿੰਘ ਆਦਿ ਹਾਜ਼ਰ ਸਨ।

## ਰੰਗਲਾ ਪੰਜਾਬ-ਮਿਸ਼ਨ 2027 ਤਹਿਤ ਫਰੀਦਕੋਟ ਵਿੱਚ ਰੱਸਾਕਸੀ ਮੁਕਾਬਲਿਆਂ ਦੀ ਸ਼ਾਨਦਾਰ ਸ਼ੁਰੂਆਤ : ਅਰਸ਼ ਸੱਚਰ

### ਪਿੰਡ ਦੀਪ ਸਿੰਘ ਵਾਲਾ ਦੀ 'ਡਿੰਪੀ ਗਰੁੱਪ' ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਕੀਤਾ ਹਾਸਲ

### ਅਰਸ਼ ਸੱਚਰ ਨੇ ਜੇਤੂ ਟੀਮ ਨੂੰ 5,100 ਦੀ ਨਗਦ ਰਾਸ਼ੀ ਨਾਲ ਕੀਤਾ ਸਨਮਾਨਿਤ

ਵਰਲਡ ਪੰਜਾਬੀ ਟਾਈਮਜ਼



ਕੋਟਕਪੂਰਾ, 12 ਜੁਲਾਈ : ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਖੇਡਾਂ ਨਾਲ ਜੋੜਨ ਦੇ ਉਦੇਸ਼ ਨਾਲ "ਰੰਗਲਾ ਪੰਜਾਬ-ਮਿਸ਼ਨ 2027" ਤਹਿਤ ਵਿਧਾਨ ਸਭਾ ਹਲਕਾ ਫਰੀਦਕੋਟ ਦੇ ਹਰ ਪਿੰਡ ਵਿੱਚ ਰੱਸਾਕਸੀ ਮੁਕਾਬਲਿਆਂ ਦੀ ਲੜੀ ਦੀ ਅੱਜ ਸ਼ਾਨਦਾਰ ਸ਼ੁਰੂਆਤ ਹੋਈ। ਇਸ ਮੌਕੇ ਸਮਾਜਸੇਵੀ ਅਰਸ਼ ਸੱਚਰ ਨੇ ਕਿਹਾ ਕਿ ਸਾਡਾ ਸੰਕਲਪ ਹੈ ਕਿ ਹਲਕੇ ਦੇ ਹਰ ਪਿੰਡ ਵਿੱਚ ਹਰ ਸ਼ਨੀਵਾਰ ਅਤੇ ਐਤਵਾਰ ਅਜਿਹੇ ਖੇਡ ਮੁਕਾਬਲੇ ਕਰਵਾ ਕੇ ਨੌਜਵਾਨਾਂ ਨੂੰ ਸਿਹਤਮੰਦ, ਅਨੁਸ਼ਾਸਿਤ ਅਤੇ ਨਸ਼ਾ-ਮੁਕਤ ਜੀਵਨ ਵੱਲ ਪ੍ਰੇਰਿਤ ਕੀਤਾ ਜਾਵੇ। ਅੱਜ ਦੇ ਪਹਿਲੇ ਮੁਕਾਬਲੇ ਵਿੱਚ ਕੁੱਲ 7 ਟੀਮਾਂ ਨੇ ਰਜਿਸਟ੍ਰੇਸ਼ਨ ਕਰਵਾਈ, ਜਿਨ੍ਹਾਂ ਵਿੱਚ ਦੀਪ ਸਿੰਘ ਵਾਲਾ ਤੋਂ 3 ਟੀਮਾਂ, ਕੋਟਕਪੂਰਾ ਤੋਂ 2 ਟੀਮਾਂ, ਫਰੀਦਕੋਟ ਤੋਂ 1 ਟੀਮ ਅਤੇ ਢੀਮਾਂਵਾਲੀ ਤੋਂ 1 ਟੀਮ ਨੇ ਭਾਗ ਲਿਆ। ਸਖ਼ਤ ਅਤੇ ਰੋਮਾਂਚਕ ਮੁਕਾਬਲਿਆਂ ਤੋਂ ਬਾਅਦ ਦੀਪ ਸਿੰਘ ਵਾਲਾ ਦੀ "ਡਿੰਪੀ ਗਰੁੱਪ" ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ। ਜੇਤੂ ਟੀਮ ਨੂੰ ₹5,100 ਦੀ ਨਗਦ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ। ਅਰਸ਼ ਸੱਚਰ ਨੇ ਜੇਤੂ ਟੀਮ ਨੂੰ ਦਿਲੋਂ ਵਧਾਈ ਦਿੰਦਿਆਂ ਉਨ੍ਹਾਂ ਦੇ ਉਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਅਰਸ਼ ਸੱਚਰ ਨੇ ਵਿਸ਼ੇਸ਼ ਤੌਰ 'ਤੇ ਪਿੰਡ ਦੀਪ ਸਿੰਘ ਵਾਲਾ ਦੇ ਸਮੂਹ ਪਿੰਡ ਵਾਸੀਆਂ, ਪੰਚਾਇਤ, ਨੌਜਵਾਨਾਂ ਅਤੇ ਸਮੂਹ ਸਹਿਯੋਗੀਆਂ ਦਾ ਦਿਲੋਂ ਧੰਨਵਾਦ ਕੀਤਾ, ਜਿਨ੍ਹਾਂ ਦੇ ਸਹਿਯੋਗ ਨਾਲ ਸਰਕਾਰੀ ਸਕੂਲ, ਸਾਦਿਕ ਰੋਡ, ਦੀਪ ਸਿੰਘ ਵਾਲਾ ਵਿਖੇ ਇਸ ਮੁਕਾਬਲੇ ਦਾ ਸਫ਼ਲ ਆਯੋਜਨ ਸੰਭਵ ਹੋ ਸਕਿਆ। ਉਨ੍ਹਾਂ ਮਿਸ਼ਨ 2027 ਲਈ ਦਿੱਤੇ ਜਾ ਰਹੇ ਪਿਆਰ, ਵਿਸ਼ਵਾਸ, ਅਸੀਸਾਂ ਅਤੇ ਭਰਪੂਰ ਸਹਿਯੋਗ ਲਈ ਵੀ ਸਮੂਹ ਇਲਾਕਾ ਨਿਵਾਸੀਆਂ ਦਾ ਧੰਨਵਾਦ ਪ੍ਰਗਟਾਇਆ। ਉਨ੍ਹਾਂ ਕਿਹਾ ਕਿ "ਖੇਡਾਂ ਨਾਲ ਜੁੜੇਗਾ ਨੌਜਵਾਨ, ਤੰਦਰੁਸਤ ਬਣੇਗਾ ਪੰਜਾਬ" ਸਿਰਫ਼ ਇੱਕ ਨਾਅਰਾ ਨਹੀਂ, ਸਗੋਂ ਇੱਕ ਲੋਕ ਅੰਦੋਲਨ ਹੈ। ਮਿਸ਼ਨ 2027 ਤਹਿਤ ਆਉਣ ਵਾਲੇ ਸਮੇਂ ਵਿੱਚ ਵਿਧਾਨ ਸਭਾ ਹਲਕਾ ਫਰੀਦਕੋਟ ਦੇ ਹਰ ਪਿੰਡ ਵਿੱਚ ਰੱਸਾਕਸੀ ਸਮੇਤ ਹੋਰ ਖੇਡ ਮੁਕਾਬਲੇ ਕਰਵਾਏ ਜਾਣਗੇ, ਤਾਂ ਜੋ ਨੌਜਵਾਨਾਂ ਦੀ ਊਰਜਾ ਨੂੰ ਸਕਾਰਾਤਮਕ ਦਿਸ਼ਾ ਮਿਲੇ ਅਤੇ ਨਸ਼ਾ-ਮੁਕਤ, ਤੰਦਰੁਸਤ ਅਤੇ ਰੰਗਲਾ ਪੰਜਾਬ ਸਿਰਜਿਆ ਜਾ ਸਕੇ।

## ਪੰਜਾਬ ਸਰਕਾਰ ਵੱਲੋਂ ਮਾਨਯੋਗ ਅਦਾਲਤ ਵਿੱਚ ਪੇਸ਼ ਕੀਤੀ ਮੁਲਾਜ਼ਮ ਵਿਰੋਧੀ ਰਿਪੋਰਟ 'ਤੇ ਹਸਤਾਖਰ ਕਰਨ ਵਾਲੇ

### ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦੀ ਕੋਠੀ ਦਾ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਕੀਤਾ ਘਿਰਾਓ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ





ਫਰੀਦਕੋਟ, 12 ਜੁਲਾਈ : ਸਾਂਝੀ ਤਾਲਮੇਲ ਕਮੇਟੀ, ਸਾਂਝਾ ਮੁਲਾਜ਼ਮ ਮੰਚ, ਪੰਜਾਬ ਅਤੇ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਸੱਦੇ ਤੇ ਅੱਜ ਫਰੀਦਕੋਟ ਜ਼ਿਲ੍ਹੇ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਪੰਜਾਬ ਦੇ ਸਮਾਜ ਭਲਾਈਂ ਮੰਤਰੀ ਅਤੇ ਕੈਬਨਿਟ ਸਬ ਕਮੇਟੀ ਦੇ ਮੈਂਬਰ ਡਾਕਟਰ ਬਲਜੀਤ ਕੌਰ ਦੀ ਸਥਾਨਕ ਰਾਇਲ ਸਿਟੀ ਵਿਖੇ ਰਿਹਾਇਸ਼ ਦੇ ਨੇੜੇ ਵਿਸ਼ਾਲ ਰੋਸ ਰੈਲੀ ਕਰਕੇ ਭਗਵੰਤ ਮਾਨ ਸਰਕਾਰ ਅਤੇ ਡਾਕਟਰ ਬਲਜੀਤ ਕੌਰ ਦੇ ਖਿਲਾਫ ਤਿੱਖੀ ਨਾਹਰੇਬਾਜੀ ਕੀਤੀ। ਇਸ ਰੈਲੀ ਨੂੰ ਸੰਬੋਧਨ ਕਰਦਿਆਂ ਗੁਰਨਾਮ ਸਿੰਘ ਵਿਰਕ, ਮੁੱਖ ਕਨਵੀਨਰ ਸਾਂਝਾ ਮੁਲਾਜ਼ਮ ਮੰਚ, ਪੰਜਾਬ ਅਤੇ ਸੂਬਾ ਪ੍ਰਧਾਨ ਪੰਜਾਬ ਸਟੇਟ ਮਨਿਸਟਰੀਅਲ ਸਰਵਿਸਜ਼ ਯੂਨੀਅਨ, ਬਿਕਰਮਜੀਤ ਸਿੰਘ ਢਿੱਲੋ ਜ਼ਿਲ੍ਹਾ ਪ੍ਰਧਾਨ ਮਨਿਸਟੀਰੀਅਲ ਸਟਾਫ, ਜਤਿੰਦਰ ਕੁਮਾਰ ਸੂਬਾਈ ਜੁਆਇੰਟ ਸਕੱਤਰ ਪ ਸ ਸ ਫ, ਸੁਖਵਿੰਦਰ ਸਿੰਘ ਸੁੱਖੀ, ਇੰਦਰਜੀਤ ਸਿੰਘ ਖੀਵਾ, ਹਰਪ੍ਰੀਤ ਸਿੰਘ ਸਰਾਂ ਟੀ ਐਸ ਯੂ, ਬਲਕਾਰ ਸਿੰਘ ਸਹੋਤਾ, ਨਵਪ੍ਰੀਤ ਸਿੰਘ, ਸੁਖਮੰਦਰ ਸਿੰਘ ਗਿੱਲ ਪੀ ਆਰ ਟੀ ਸੀ, ਪੈਨਸ਼ਨਰ ਆਗ ਕੁਲਵੰਤ ਸਿੰਘ ਚਾਨੀ, ਕਲਵਿੰਦਰ ਸਿੰਘ ਮੌੜ, ਆਸ਼ਾ ਵਰਕਰ ਅਤੇ ਫੈਸੀਲੇਟਰ ਯੂਨੀਅਨ ਦੇ ਆਗੂ ਸਰਬਜੀਤ ਕੌਰ ਮਚਾਕੀ, ਪਾਵਰ ਕਾਮ ਪੈਨਸ਼ਨਰ ਆਗੂ ਚੰਦ ਸਿੰਘ ਡੋਡ, ਅਮਰੀਕ ਸਿੰਘ ਸੰਧੂ ਸਾਬਕਾ ਸੂਬਾ ਪ੍ਰਧਾਨ ਮਨਿਸਟੀਰੀਅਲ ਸਟਾਫ, ਦਰਸ਼ਨ ਲਾਲ ਸ਼ਰਮਾ ਪ੍ਰਬੰਧ ਅਫਸਰ, ਕਿਰਨ ਪ੍ਰਕਾਸ਼ ਮਹਿਤਾ, ਹਰਜਿੰਦਰ ਸਿੰਘ ਧਾਲੀਵਾਲ ਸੇਵਾ ਮੁਕਤ ਡੀ ਐਸ ਪੀ, ਅਧਿਆਪਕ ਆਗੂ ਗਗਨ ਪਾਹਵਾ, ਧਰਮਿੰਦਰ ਸਿੰਘ, ਸਿਮਰਜੀਤ ਸਿੰਘ ਬਰਾੜ ਜ਼ਿਲ੍ਹਾ ਪ੍ਰਧਾਨ ਪ ਸ ਸ ਫ, ਵੀਰ ਇੰਦਰਜੀਤ ਸਿੰਘ ਪੁਰੀ ਸੂਬਾਈ ਆਗੂ ਪੰਜਾਬ ਮੰਡੀ ਬੋਰਡ, ਪ੍ਰਿੰਸੀਪਲ ਕ੍ਰਿਸ਼ਨ ਲਾਲ ਬਕੌਲੀਆ, ਅਮਰਜੀਤ ਸਿੰਘ ਵਾਲੀਆ, ਕੁਲਦੀਪ ਸ਼ਰਮਾ ਸੂਬਾਈ ਆਗੂ ਨਗਰ ਕੌਂਸਲ, ਗੁਰਤੇਜ ਸਿੰਘ ਖਹਿਰਾ, ਬਲਵਿੰਦਰ ਰਾਮ ਸ਼ਰਮਾ, ਜਗਤਾਰ ਸਿੰਘ ਗਿੱਲ, ਸੁਭਾਸ਼ ਸ਼ਰਮਾ ਕੋਟਕਪੂਰਾ, ਦਰਸ਼ਨ ਸਿੰਘ ਸਰਾਵਾਂ, ਮਾਸਟਰ ਮੱਖਣ ਸਿੰਘ, ਅਧਿਆਪਕ ਆਗੂ ਜਤਿੰਦਰ ਸਿੰਘ, ਇੰਦਰਜੀਤ ਸਿੰਘ ਗਿੱਲ, ਮਨਜੀਤ ਸਿੰਘ ਸ਼ਤਾਬ, ਨਰਸਿੰਗ ਸਟਾਫ ਆਗੂ ਜਸਵੰਤ ਕੌਰ, ਇਕਬਾਲ ਸਿੰਘ ਢੁੱਡੀ ਜ਼ਿਲ੍ਹਾ ਪ੍ਰਧਾਨ, ਸੁਖਵਿੰਦਰ ਸਿੰਘ ਪ੍ਰਧਾਨ ਸਿਹਤ ਵਿਭਾਗ ਕਲਾਸ ਫ਼ੋਰ ਯੂਨੀਅਨ ਅਤੇ ਹਰਪ੍ਰੀਤ ਸਿੰਘ ਖਾਲਸਾ ਪਾਵਰਕਾਮ ਨੇ ਡਾਕਟਰ ਬਲਜੀਤ ਕੌਰ ਤੇ ਦੋਸ਼ ਲਾਇਆ ਕਿ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤੀ ਗਈ ਮੁਲਾਜ਼ਮ ਵਿਰੋਧੀ ਰਿਪੋਰਟ ਤੇ ਹਸਤਾਖਰ ਕਰਨ ਸਮੇਂ ਤਾਕਤ ਦੇ ਨਸ਼ੇ ਵਿੱਚ ਆਕੇ ਮੰਤਰੀ ਡਾਕਟਰ ਬਲਜੀਤ ਕੌਰ ਨੂੰ ਇਹ ਰੱਤੀ ਭਰ ਵੀ ਨਹੀਂ ਸੋਚਿਆ ਕਿ ਉਹ ਵੀ ਪੰਜਾਬ ਦੇ ਸਿਹਤ ਵਿਭਾਗ ਵਿੱਚ ਸਰਕਾਰੀ ਡਾਕਟਰ ਵਜੋਂ ਸੇਵਾਵਾਂ ਨਿਭਾਉਂਦੇ ਹੋਏ ਤਨਖਾਹ ਲੈਂਦੇ ਰਹੇ ਹਨ ਤੇ ਮੌਜੂਦਾ ਸਮੇਂ ਵਿੱਚ ਪੰਜਾਬ ਸਰਕਾਰ ਦੇ ਇੱਕ ਪੈਨਸ਼ਨਰ ਵੀ ਹਨ। ਆਗੂਆਂ ਨੇ ਚਿਤਾਵਨੀ ਦਿੰਦਿਆਂ ਅੱਗੇ ਕਿਹਾ ਕਿ ਇਹਨਾਂ ਦੀ ਇਸ ਬੱਜਰ ਗ਼ਲਤੀ ਦਾ ਅਹਿਸਾਸ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਚੇਤੇ ਕਰਵਾਇਆ ਜਾਵੇਗਾ। ਵੱਖ ਵੱਖ ਬੁਲਾਰਿਆਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਹੁਕਮਰਾਨ ਪੰਜਾਬ ਸਰਕਾਰ ਤੇ ਦੋਸ਼ ਲਾਇਆ ਕਿ ਆਪਣੇ ਸਵਾ ਚਾਰ ਸਾਲਾਂ ਦੇ ਰਾਜ ਭਾਗ ਦੌਰਾਨ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਹੱਕੀ ਅਤੇ ਜਾਇਜ਼ ਮੰਗਾਂ ਪ੍ਰਤੀ ਬਹੁਤ ਮਾੜਾ ਵਤੀਰਾ ਅਖਤਿਆਰ ਕੀਤਾ ਹੋਇਆ ਹੈ। ਇਹ ਸਰਕਾਰ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਪ੍ਰਤੀ ਪਹੁੰਚ ਦੇ ਪੱਖ ਤੋਂ ਪਿਛਲੀਆਂ ਸਾਰੀਆਂ ਹੁਕਮਰਾਨ ਸਰਕਾਰਾਂ ਨਾਲੋਂ ਨਖਿੱਧ ਸਾਬਿਤ ਹੋਈ ਹੈ। ਇਹ ਪਹਿਲੀ ਸਰਕਾਰ ਹੈ, ਜਿਸ ਨੇ ਆਪਣੇ ਮੁਲਾਜਮਾਂ ਨੂੰ ਡੀ ਏ ਦੇਣ ਦੀ ਬਜਾਏ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਮਹਿੰਗੇ ਪ੍ਰਾਈਵੇਟ ਵਕੀਲ ਕਰਕੇ ਮੁਲਾਜਮਾਂ ਅਤੇ ਪੈਨਸ਼ਨਰਾਂ ਦੇ ਵਿਰੁੱਧ ਦਲੀਲਾਂ ਪੇਸ਼ ਕਰਕੇ ਡੀ ਏ ਨੂੰ ਕੇਂਦਰੀ ਪੈਟਰਨ ਨਾਲੋਂ ਡੀ ਲਿੰਕ ਕਰਨ ਦਾ ਕੋਝਾ ਯਤਨ ਕੀਤਾ ਹੈ। ਆਗੂਆਂ ਨੇ ਜ਼ੋਰਦਾਰ ਮੰਗ ਕੀਤੀ ਕਿ ਮੁੱਖ ਮੰਤਰੀ, ਪੰਜਾਬ ਸਰਕਾਰ ਤੁਰੰਤ ਸਾਂਝੀ ਤਾਲਮੇਲ ਕਮੇਟੀ ਦੀ ਲੀਡਰਸ਼ਿਪ ਨਾਲ ਪੈਨਲ ਮੀਟਿੰਗ ਕਰਕੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਲਮਕ ਅਵਸਥਾ ਵਿੱਚ ਪਏ ਸਾਰੇ ਮਸਲੇ ਤੁਰੰਤ ਹੱਲ ਕਰਨ, ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ 18 ਫੀਸਦੀ ਦੀ ਦਰ ਨਾਲ ਬਕਾਇਆ ਪਈਆਂ 6 ਕਿਸ਼ਤਾਂ ਤੁਰੰਤ ਦਿੱਤੀਆਂ ਜਾਣ, ਪੈਨਸ਼ਨਰਾਂ ਲਈ 2.59 ਦਾ ਗੁਣਾਂਕ ਤੁਰੰਤ ਲਾਗੂ ਕੀਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ ਤੁਰੰਤ ਬਹਾਲ ਕੀਤੀ ਜਾਵੇ, ਸਮੂਹ ਕੱਚੇ ਅਤੇ ਠੇਕਾ ਆਧਾਰਤ ਮੁਲਾਜ਼ਮਾਂ ਨੂੰ ਤੁਰੰਤ ਪੂਰੀਆਂ ਤਨਖਾਹਾਂ ਤੇ ਭੱਤਿਆਂ ਸਮੇਤ ਰੈਗੂਲਰ ਕੀਤਾ ਜਾਵੇ, ਆਸ਼ਾ ਵਰਕਰਾਂ, ਮਿਡ ਡੇਅ ਮੀਲ ਵਰਕਰਾਂ, ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਸਰਕਾਰੀ ਮੁਲਾਜ਼ਮ ਮੰਨਕੇ ਪੂਰੀਆਂ ਤਨਖਾਹਾਂ ਦਿੱਤੀਆਂ ਜਾਣ, ਮਾਨਯੋਗ ਅਦਾਲਤਾਂ ਵੱਲੋਂ ਪਿਛਲੇ ਸਮੇਂ ਦੌਰਾਨ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਹੱਕ ਵਿੱਚ ਕੀਤੇ ਗਏ ਸਾਰੇ ਫੈਸਲੇ ਤੁਰੰਤ ਜਨਰਲਾਈਜ਼ ਕਰਕੇ ਲਾਗੂ ਕੀਤੇ ਜਾਣ, ਮਿਤੀ 15 ਜਨਵਰੀ 2015 ਅਤੇ ਮਿਤੀ 17 ਜੁਲਾਈ 2020 ਦੇ ਪੱਤਰ ਤੁਰੰਤ ਰੱਦ ਕੀਤੇ ਜਾਣ ਮੰਗ ਪੱਤਰ ਵਿੱਚ ਸ਼ਾਮਲ ਸਮੂਹ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ। ਆਗੂਆਂ ਨੇ ਅੱਗੇ ਕਿਹਾ ਕਿ ਮਿਤੀ 17 ਜੁਲਾਈ 2020 ਤੋਂ ਬਾਅਦ ਭਰਤੀ ਮੁਲਾਜ਼ਮਾਂ ਤੇ ਲਾਗੂ ਕੀਤੇ ਕੇਂਦਰ ਦੇ 7ਵੇਂ ਤਨਖਾਹ ਕਮਿਸ਼ਨ ਦੇ ਕਾਲੇ ਦਿਨ ਨੂੰ ਮੁੱਖ ਰੱਖ ਕੇ 17-07-2026 ਨੂੰ ਅਨਾਜ ਮੰਡੀ ਸੈਕਟਰ 39 ਚੰਡੀਗੜ੍ਹ ਵਿਖੇ ਮਹਾਂ ਰੈਲੀ ਕਰਕੇ ਆਉਣ ਵਾਲੀਆਂ ਪੀੜ੍ਹੀਆਂ ਦੇ ਗਲੋਂ ਜੂਲਾ ਲਾਹੁਣ ਅਤੇ ਮੰਗਾਂ ਨਾ ਮੰਨੇ ਜਾਣ ਦੀ ਸੂਰਤ ਵਿੱਚ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਦੌਰਾਨ ਡਾਕਟਰ ਬਲਜੀਤ ਕੌਰ ਅਤੇ ਆਮ ਆਦਮੀ ਪਾਰਟੀ ਦੇ ਸਾਰੇ ਉਮੀਦਵਾਰਾਂ ਨੂੰ ਸਬਕ ਸਿਖਾਉਣਾ ਦਾ ਪ੍ਰਣ ਲਿਆ ਗਿਆ। ਫਰੀਦਕੋਟ ਹਲਕੇ ਦੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਕੈਬਨਿਟ ਮੰਤਰੀ ਡਾਕਟਰ ਬਲਜੀਤ ਕੌਰ ਦੇ ਪ੍ਰਤੀਨਿਧ ਵਜੋਂ ਧਰਨੇ ਵਿੱਚ ਪਹੁੰਚਕੇ ਮੁਲਾਜ਼ਮ ਆਗੂਆਂ ਪਾਸੋਂ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੇ ਨਾਂ ਚਿਤਾਵਨੀ ਪੱਤਰ ਪ੍ਰਾਪਤ ਕੀਤਾ ਅਤੇ ਪੁਰਾਣੀ ਪੈਨਸ਼ਨ ਬਹਾਲੀ ਅਤੇ ਡੀ ਏ ਦੀ ਮੰਗ ਤੇ ਧਰਨੇ ਵਿਚ ਮੁਲਾਜਮਾਂ ਨਾਲ ਬੈਠਣ ਲਈ ਮਜਬੂਰ ਕੀਤਾ। ਇਸ ਮੌਕੇ ਤੇ ਮੁਲਾਜਮਾਂ ਵੱਲੋਂ ਕੀਤੇ ਸਵਾਲਾਂ ਦੇ ਜਵਾਬ ਦਿੰਦਿਆਂ ਐੱਮ ਐੱਲ ਏ ਸੇਖੋਂ ਨੇ ਭਰੋਸਾ ਦਿਵਾਇਆ ਕਿ ਉਹ ਮੰਗ ਪੱਤਰ ਸਰਕਾਰ ਨੂੰ ਭੇਜਦਿਆਂ ਮੰਗਾਂ ਪੂਰੀਆਂ ਕਰਨ ਦੀ ਸਿਫਾਰਸ਼ ਕਰਨਗੇ ਅਤੇ ਜਲਦ ਸਰਕਾਰ ਮੁਲਾਜਮਾਂ ਨਾਲ ਗੱਲਬਾਤ ਕਰਕੇ ਉਹਨਾਂ ਦੀਆਂ ਮੰਗਾਂ ਦਾ ਨਿਪਟਾਰਾ ਕਰੇਗੀ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਪੈਨਸ਼ਨਰ ਆਗੂ ਸੋਮ ਨਾਥ ਅਰੋੜਾ, ਅਜੀਤ ਸਿੰਘ ਖਾਲਸਾ, ਰਮੇਸ਼ ਕੌਸ਼ਲ, ਬਿਸ਼ਨ ਕੁਮਾਰ ਅਰੋੜਾ,ਇਕਬਾਲ ਸਿੰਘ ਮੰਘੇੜਾ, ਤਰਸੇਮ ਨਰੂਲਾ, ਦਲੇਰ ਸਿੰਘ, ਯਸ਼ ਪਾਲ, ਅਧਿਆਪਕ ਆਗੂ ਹਰ ਜਸਦੀਪ ਸਿੰਘ, ਸਵਰਨ ਪਾਲ ਸਿੰਘ, ਮਲਕੀਤ ਸਿੰਘ , ਇਕਬਾਲ ਸਿੰਘ ਰਣ ਸਿੰਘ ਵਾਲਾ, ਜੋਗਿੰਦਰ ਸਿੰਘ, ਮਨਪ੍ਰੀਤ ਸਿੰਘ ਪੰਜਾਬ ਮੰਡੀ ਬੋਰਡ, ਮੰਦਰ ਸਿੰਘ ਲੈਕਚਰਾਰ, ਸੁਖਮੰਦਰ ਸਿੰਘ ਸੰਧਵਾਂ, ਪੂਰਨ ਸਿੰਘ ਸੰਧਵਾਂ ,ਹਰਪਾਲ ਸਿੰਘ ਸਿਹਤ ਵਿਭਾਗ, ਗੇਜ ਰਾਮ ਭੌਰਾ, ਸੁਖਚੈਨ ਸਿੰਘ ਥਾਂਦੇਵਾਲਾ, ਸੁਖਦਰਸ਼ਨ ਸਿੰਘ ਗਿੱਲ ਅਤੇ ਆਸ਼ਾ ਵਰਕਰਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਐਲ.ਬੀ.ਸੀ.ਟੀ. ਵੱਲੋਂ ਵਾਇਸ ਚਾਂਸਲਰ ਡਾ. ਸੂਦ ਦੀਆਂ ਸੇਵਾਵਾਂ ਦੀ ਸ਼ਲਾਘਾ : ਢੋਸੀਵਾਲ

### 'ਅਵਾਰਡ ਆਫ਼ ਐਪਰੀਸੀਏਸ਼ਨ' ਨਾਲ ਸਨਮਾਨਿਤ

ਵਰਲਡ ਪੰਜਾਬੀ ਟਾਈਮਜ਼ ਸ਼ਿਵਨਾਥ

ਫ਼ਰੀਦਕੋਟ 12 ਜੁਲਾਈ : ਪਿਛਲੇ ਕਰੀਬ ਸਾਢੇ ਤਿੰਨ ਦਹਾਕਿਆਂ ਤੋਂ ਸਮਾਜ ਸੇਵਾ ਦੇ ਖੇਤਰ ਵਿੱਚ ਕਾਬਲੇ ਤਾਰੀਫ਼ ਨਾਮਣਾ ਖੱਟਣ ਵਾਲੀ ਸੰਸਥਾ ਐਲ.ਬੀ.ਸੀ.ਟੀ. (ਲਾਰਡ ਬੁੱਧਾ ਚੈਰੀਟੇਬਲ ਟਰੱਸਟ) ਦੇ ਉੱਚ ਪੱਧਰੀ ਵਫ਼ਦ ਨੇ ਅੱਜ ਸਥਾਨਕ ਬਾਬਾ ਫਰੀਦ ਮੈਡੀਕਲ ਯੂਨੀਵਰਸਿਟੀ ਦੇ ਵਾਇਸ ਚਾਂਸਲਰ ਡਾ. ਰਾਜੀਵ ਸੂਦ ਨਾਲ ਉਨ੍ਹਾਂ ਦੇ ਦਫਤਰ ਵਿੱਚ ਮੁਲਾਕਾਤ ਕੀਤੀ। ਟਰੱਸਟ ਸੰਸਥਾਪਕ ਜਗਦੀਸ਼ ਰਾਏ ਢੋਸੀਵਾਲ ਅਤੇ ਜਿਲ੍ਹਾ ਪ੍ਰਧਾਨ ਡੀ.ਪੀ.ਐੱਸ. ਭੋਲਾ ਦੀ ਸਾਂਝੀ ਪ੍ਰਧਾਨਗੀ ਹੇਠਲੇ ਇਸ ਵਫ਼ਦ ਵਿੱਚ ਜਿਲ੍ਹਾ ਚੀਫ਼ ਪੈਟਰਨ ਮੈਡਮ ਹੀਰਾਵਤੀ, ਚੇਅਰਮੈਨ ਡਾ. ਹਰਪਾਲ ਸਿੰਘ ਭਾਰਦਵਾਜ, ਸੀਨੀਅਰ ਮੀਤ ਪ੍ਰਧਾਨ ਇੰਸ. ਰਮੇਸ਼ ਕੁਮਾਰ ਬਾਰੋਲੀਆ, ਸੀਨੀਅਰ ਮੈਂਬਰ ਨਿਰਮਲ ਸਿੰਘ ਸੰਧੂ, ਪ੍ਰੈਸ ਸਕੱਤਰ ਸ਼ਿਵ ਨਾਥ ਦਰਦੀ, ਮੁੱਖ ਸਲਾਹਕਾਰ ਸ੍ਰੀ ਕ੍ਰਿਸ਼ਨ ਆਦਿ ਸ਼ਾਮਲ ਸਨ। ਵਫ਼ਦ ਦੁਆਰਾ ਵਾਇਸ ਚਾਂਸਲਰ ਵੱਲੋਂ ਆਪਣੇ ਮੌਜੂਦਾ ਕਾਰਜਕਾਲ



ਦੌਰਾਨ ਸਮੁੱਚੀ ਯੂਨੀਵਰਸਿਟੀ, ਸਥਾਨਕ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਿਜ ਅਤੇ ਹਸਪਤਾਲ, ਯੂਨੀਵਰਸਿਟੀ ਅਧੀਨ ਬਾਕੀ ਸਾਰੇ ਕੰਨਸਟੀਚਿਊਟ ਕਾਲਜ ਅਤੇ ਹਸਪਤਾਲਾਂ ਨੂੰ ਹਰ ਪੱਖੋਂ ਉੱਚਾ ਚੁਕਣ ਲਈ ਵਿਜ਼ੀਨਰੀ ਇਮੇਜ਼ ਅਤੇ ਇਤਿਹਾਸਕ ਕਾਰਜਾਂ ਦੀ ਪ੍ਰਸ਼ੰਸਾ ਕੀਤੀ ਗਈ। ਜਿਕਰਯੋਗ ਹੈ ਕਿ ਡਾ. ਸੂਦ ਨੇ ਆਪਣੇ ਕਾਰਜਕਾਲ ਦੌਰਾਨ ਯੂਨੀਵਰਸਿਟੀ ਦੀ ਗਵਰਨਿੰਗ ਬਾਡੀ ਦੇ ਮੈਂਬਰ ਹਲਕਾ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਦੇ ਸਹਿਯੋਗ ਨਾਲ ਯੂਨੀਵਰਸਿਟੀ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਵਿਸ਼ੇਸ਼ ਪਛਾਣ ਦਿਵਾਈ ਹੈ। ਹਸਪਤਾਲ ਵਿੱਚ ਮਰੀਜ਼ਾਂ ਦੀ ਸਹੂਲਤ ਲਈ ਨਵੀਆਂ ਇਮਾਰਤਾਂ ਬਣਾਈਆਂ ਗਈਆਂ ਹਨ ਅਤੇ ਜੀਵਨ ਬਚਾਊ ਮਸ਼ੀਨਾਂ ਦੀ ਖਰੀਦ ਕੀਤੀ ਗਈ ਹੈ। ਯੂਨੀਵਰਸਿਟੀ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਗਰੀਨ ਯੂਨੀਵਰਸਿਟੀ ਵਜੋਂ ਮਾਨਤਾ ਦਿੱਤੀ ਗਈ ਹੈ। ਐਨਾ ਹੀ ਨਹੀਂ ਦੋ ਦਿਨ ਪਹਿਲਾਂ ਹੀ ਨਵੀਂ ਦਿੱਲੀ ਵਿਖੇ 'ਐਸੋਚੈਮ' ਸੰਸਥਾ ਵੱਲੋਂ ਕਰਵਾਏ ਗਏ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਡਾ. ਸੂਦ ਨੂੰ ਇਸ ਸਾਲ ਦਾ ਸਭ ਤੋਂ ਵਧੀਆ ਵਾਇਸ ਚਾਂਸਲਰ 'ਵਾਇਸ ਚਾਂਸਲਰ ਆਫ਼ ਦਿ ਯੀਅਰ' ਦੇ ਵਕਾਰੀ ਸਨਮਾਨ ਨਾਲ ਨਿਵਾਜਿਆ ਗਿਆ ਸੀ। ਇਸ ਮਾਣਮੱਤੀ ਪ੍ਰਾਪਤੀ ਲਈ ਵੀ ਟਰੱਸਟ ਵੱਲੋਂ ਡਾ. ਸੂਦ ਨੂੰ ਵਧਾਈ ਦਿੱਤੀ ਗਈ। ਉਕਤ ਜਾਣਕਾਰੀ ਦਿੰਦੇ ਹੋਏ ਸ੍ਰੀ ਢੋਸੀਵਾਲ ਨੇ ਦੱਸਿਆ ਹੈ ਕਿ ਡਾ. ਸੂਦ ਦੇ ਡਾ. ਸੂਦ ਦੇ ਮੌਜੂਦਾ ਕਾਰਜਕਾਲ ਦੇ ਆਖਰੀ ਹਫ਼ਤੇ ਟਰੱਸਟ ਵੱਲੋਂ ਕੀਤੀ ਗਈ ਇਸ ਮੁਲਾਕਾਤ ਦੌਰਾਨ ਟਰੱਸਟ ਆਗੂਆਂ ਨੇ ਡਾ. ਸੂਦ ਦੇ ਲੋਕ/ਮੁਲਾਜ਼ਮ ਪੱਖੀ ਕਾਰਜਾਂ ਸਦਕਾ ਉਨ੍ਹਾਂ ਦੇ ਦੌਰ ਨੂੰ ਸੁਨਿਹਰੀ ਕਾਲ ਵਜੋਂ ਯਾਦ ਕੀਤਾ ਜਾਵੇਗਾ। ਸਮੁੱਚਾ ਇਲਾਕਾ ਉਨ੍ਹਾਂ ਦਾ ਸਦਾ ਰਿਣੀ ਰਹੇਗਾ। ਮੁਲਾਕਾਤ ਦੌਰਾਨ ਡਾ. ਸੂਦ ਨੇ ਕਿਹਾ ਕਿ ਉਨ੍ਹਾਂ ਨੇ ਆਪਣਾ ਸਾਰਾ ਧਿਆਨ ਯੂਨੀਵਰਸਿਟੀ ਅਤੇ ਹਸਪਤਾਲ ਦੇ ਵਿਕਾਸ ਵੱਲ ਹੀ ਕੇਂਦਰਿਤ ਰੱਖਿਆ। ਇਸ ਨੂੰ ਉਚਾਈਆਂ ਤੱਕ ਪਹੁੰਚਾਉਣ ਦਾ ਯਤਨ ਕੀਤਾ। ਮੁਲਾਕਾਤ ਦੌਰਾਨ ਟਰੱਸਟ ਵੱਲੋਂ ਡਾ. ਸੂਦ ਦੀਆਂ ਸ਼ਾਨਦਾਰ ਪ੍ਰਬੰਧਕੀ ਕਾਰਜ ਕੁਸ਼ਲਤਾ, ਵਿਜੀਨਰੀ ਇਮੇਜ ਅਤੇ ਦੂਰ ਅੰਦੇਸ਼ੀ ਲਈ 'ਅਵਾਰਡ ਆਫ਼ ਐਪਰੀਸੀਏਸ਼ਨ' ਭੇਂਟ ਕਰਕੇ ਸਨਮਾਨਿਤ ਵੀ ਕੀਤਾ।

## ਵੇ ਵੀਰੋ ਵੇ ਅੰਮੜੀ ਜਾਇਓ

ਵਰਲਡ ਪੰਜਾਬੀ ਟਾਈਮਜ਼ ਗੁਰਭਜਨ ਗਿੱਲ

ਵੇ ਵੀਰੋ ਵੇ ਅੰਮੜੀ ਜਾਇਉ! ਸਾਨੂੰ ਤੁਰਤ ਹਿਸਾਬ ਦਿਉ ।
ਸਾਨੂੰ ਡਰ ਕਿਉਂ ਵੱਢ ਵੱਢ ਖਾਵੇ, ਇਸ ਦਾ ਸਾਫ਼ ਜਵਾਬ ਦਿਉ ।

ਪੜ੍ਹਨ ਸਕੂਲੇ ਜਦ ਵੀ ਜਾਈਏ, ਡਰੀਏ ਜ਼ਾਲਮ ਡਾਰਾਂ ਤੋਂ ।
ਇੱਜ਼ਤ ਪੱਤ ਦੀ ਰਾਖੀ ਵਾਲੀ, ਆਸ ਨਹੀਂ ਸਰਕਾਰਾਂ ਤੋਂ ।
ਕਿਉਂ ਨਹੀਂ ਸਾਡੀ ਸ਼ਕਤੀ ਬਣਦੇ, ਪੁੱਤਰੋ ਦੇਸ ਪੰਜਾਬ ਦਿਉ ।

ਪੰਜ ਸਦੀਆਂ ਤੋਂ ਬਾਦ ਅਜੇ ਵੀ ਕਹਿੰਦੇ ਅਬਲਾ ਨਾਰੀ ਹੈ ।
ਸ਼ੇਰਾਂ ਜਹੇ ਪੁੱਤ ਜੰਮਣ ਵਾਲੀ, ਅੱਜ ਵੀ ਕਹਿਣ ਵਿਚਾਰੀ ਹੈ ।
ਕਿੱਧਰ ਨੂੰ ਇਨਸਾਫ਼ ਤੁਰ ਗਿਆ, ਇਸ ਦਾ ਸਾਫ਼ ਜਵਾਬ ਦਿਉ ।

ਪਿੰਡਾਂ ਤੇ ਸ਼ਹਿਰਾਂ ਵਿੱਚ ਰੁਲਦੀਆਂ, ਇੱਜ਼ਤ ਪੱਤ ਦੀਆਂ ਲੀਰਾਂ ਨੇ ।
ਹੋਰ ਕਿਸੇ ਨਾ ਡੋਲੀਆਂ ਲੁੱਟੀਆਂ,ਜਦ ਵੀ ਲੁੱਟੀਆਂ ਵੀਰਾਂ ਨੇ ।
ਧੀ ਨਾ ਭੈਣ ਦਾ ਰਿਸ਼ਤਾ ਚੇਤੇ, ਬਣੇ ਗੁਲਾਮ ਸ਼ਰਾਬ ਦਿਉ ।

ਸਾਡਾ ਹੱਕ ਵੀ ਇਸ ਧਰਤੀ ਤੇ, ਪੁੱਤਰਾਂ ਜੇਡ ਬਰਾਬਰ ਹੈ ।
ਕਿਉਂ ਗੁਰੂਆਂ ਦੀ ਧਰਤੀ ਉੱਤੇ, ਅੱਜ ਵੀ ਘੋਰ ਨਿਰਾਦਰ ਹੈ ।
ਸ਼ਬਦ ਗੁਰੂ ਸਾਡਾ ਵੀ ਓਨਾ, ਸਾਡੇ ਹੱਥ ਕਿਤਾਬ ਦਿਉ ।

ਬਾਬਲ ਦੀ ਪੱਗ ਮਾਂ ਦੀ ਚੁੰਨੀ, ਜੇ ਕਹਿੰਦੇ ਨੇ ਧੀਆਂ ਨੂੰ ।
ਸਮਝ ਕਿਉਂ ਨਹੀਂ ਆਉਂਦੀ ਏਥੇ, ਇਸ ਧਰਤੀ ਦੇ ਜੀਆਂ ਨੂੰ ।
ਪੱਤੀ ਪੱਤੀ ਭੁਰ ਚੱਲੇ ਹੋ, ਗੁੱਛਿਓ ਸੁਰਖ਼ ਗੁਲਾਬ ਦਿਉ ।

ਵੇ ਵੀਰੋ! ਵੇ ਅੰਮੜੀ ਜਾਇਓ, ਸਾਨੂੰ ਤੁਰਤ ਹਿਸਾਬ ਦਿਉ ।
ਸਾਨੂੰ ਡਰ ਕਿਉਂ ਵੱਢ ਵੱਢ ਖਾਵੇ, ਇਸ ਦਾ ਸਾਫ਼ ਜਵਾਬ ਦਿਓ।